**ਗੂਜਰੀ ਮਹਲਾ ੫ ॥ ਖਿਨ ਮਹਿ ਥਾਪਿ ਉਥਾਪਨਹਾਰਾ ਕੀਮਤਿ ਜਾਇ ਨ ਕਰੀ ॥ ਰਾਜਾ ਰੰਕੁ ਕਰੈ ਖਿਨ ਭੀਤਰਿ ਨੀਚਹ ਜੋਤਿ ਧਰੀ ॥੧॥ ਧਿਆਈਐ ਅਪਨੋ ਸਦਾ ਹਰੀ ॥ ਸੋਚ ਅੰਦੇਸਾ ਤਾ ਕਾ ਕਹਾ ਕਰੀਐ ਜਾ ਮਹਿ ਏਕ ਘਰੀ ॥੧॥ ਰਹਾਉ ॥ ਤੁਮ੍ਰੀ ਟੇਕ ਪੂਰੇ ਮੇਰੇ ਸਤਿਗੁਰ ਮਨ ਸਰਨਿ ਤੁਮ੍ਾਰੈ ਪਰੀ ॥ ਅਚੇਤ ਇਆਨੇ ਬਾਰਿਕ ਨਾਨਕ ਹਮ ਤੁਮ ਰਾਖਹੁ ਧਾਰਿ ਕਰੀ ॥੨॥੯॥੧੮॥** {ਪੰਨਾ 499}

ਪਦਅਰਥ:- ਥਾਪਿ—ਪੈਦਾ ਕਰ ਕੇ। ਉਥਾਪਨਹਾਰਾ—ਨਾਸ ਕਰਨ ਦੀ ਤਾਕਤ ਰੱਖਣ ਵਾਲਾ। ਕੀਮਤਿ—ਬਰਾਬਰ ਦੀ ਕਦਰ। ਰੰਕੁ—ਕੰਗਾਲ। ਜੋਤਿ ਧਰੀ—ਆਪਣੀ ਜੋਤਿ ਦਾ ਪ੍ਰਕਾਸ਼ ਕਰ ਦੇਂਦਾ ਹੈ।1।

ਸੋਚ ਅੰਦੇਸਾ—ਚਿੰਤਾ-ਫ਼ਿਕਰ। ਤਾ ਕਾ—ਉਸ ਚੀਜ਼ ਦਾ। ਜਾ ਮਹਿ ਏਕ ਘਰੀ—ਜਿਸ ਦੇ ਟਿਕੇ ਰਹਿਣ ਵਿਚ ਇਕ ਘੜੀ ਹੀ ਲੱਗਦੀ ਹੈ, ਜੋ ਛਿਨ-ਭੰਗਰ ਹੈ, ਜੋ ਛੇਤੀ ਨਾਸ ਹੋ ਜਾਣ ਵਾਲੀ ਹੈ।1। ਰਹਾਉ।

ਮੇਰੇ ਸਤਿਗੁਰ—ਹੇ ਮੇਰੇ ਗੁਰੂ-ਪਰਮਾਤਮਾ! ਅਚੇਤ—ਗ਼ਾਫਲ, ਬੇ-ਸਮਝ। ਕਰੀ—ਕਰ, ਹੱਥ।2।

ਅਰਥ:- ਹੇ ਭਾਈ! ਆਪਣੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਹੀ ਧਿਆਨ ਧਰੀ ਰੱਖਣਾ ਚਾਹੀਦਾ ਹੈ। (ਸੰਸਾਰ ਦੀ) ਉਸ ਚੀਜ਼ ਦਾ ਕੀਹ ਚਿੰਤਾ-ਫ਼ਿਕਰ ਕਰਨਾ ਹੋਇਆ, ਜੇਹੜੀ ਛੇਤੀ ਹੀ ਨਾਸ ਹੋ ਜਾਣ ਵਾਲੀ ਹੈ?।1। ਰਹਾਉ।

ਹੇ ਭਾਈ! ਪਰਮਾਤਮਾ (ਸੰਸਾਰਕ ਪਦਾਰਥਾਂ ਨੂੰ) ਖਿਨ ਵਿਚ ਪੈਦਾ ਕਰ ਕੇ ਖਿਨ ਵਿਚ ਹੀ ਨਾਸ ਕਰਨ ਦੀ ਸਮਰੱਥਾ ਰੱਖਣ ਵਾਲਾ ਹੈ, ਉਸ ਪਰਮਾਤਮਾ ਦੇ ਬਰਾਬਰ ਦੀ ਕਦਰ ਵਾਲਾ ਹੋਰ ਕੋਈ ਦੱਸਿਆ ਨਹੀਂ ਜਾ ਸਕਦਾ। ਪਰਮਾਤਮਾ ਰਾਜੇ ਨੂੰ ਇਕ ਖਿਨ ਵਿਚ ਕੰਗਾਲ ਬਣਾ ਦੇਂਦਾ ਹੈ ਅਤੇ ਨੀਵਾਂ ਅਖਵਾਣ ਵਾਲੇ ਦੇ ਅੰਦਰ ਆਪਣੀ ਜੋਤਿ ਦਾ ਪ੍ਰਕਾਸ਼ ਕਰ ਦੇਂਦਾ ਹੈ (ਜਿਸ ਕਰਕੇ ਉਹ ਰਾਜਿਆਂ ਵਾਲਾ ਆਦਰ-ਮਾਣ ਪ੍ਰਾਪਤ ਕਰ ਲੈਂਦਾ ਹੈ)।1।

ਹੇ ਨਾਨਕ! (ਆਖ—) ਹੇ ਮੇਰੇ ਸਤਿਗੁਰੂ-ਪ੍ਰਭੂ! ਮੈਨੂੰ ਤੇਰਾ ਹੀ ਆਸਰਾ ਹੈ, ਮੇਰਾ ਮਨ ਤੇਰੀ ਸਰਨ ਆ ਪਿਆ ਹੈ। ਹੇ ਪ੍ਰਭੂ! ਅਸੀਂ ਤੇਰੇ ਬੇ-ਸਮਝ ਅੰਞਾਣ ਬੱਚੇ ਹਾਂ, ਤੂੰ ਆਪਣਾ ਹੱਥ (ਸਾਡੇ ਸਿਰ ਉੱਤੇ) ਧਰ ਕੇ (ਸਾਨੂੰ ਸੰਸਾਰਕ ਪਦਾਰਥਾਂ ਦੇ ਮੋਹ ਤੋਂ) ਬਚਾ ਲੈ।2।9। 19।